**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਕਮ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ,**
ਐਸ.ਸੀ.ਓ. ਨੰ 104-106, ਸੈਕਟਰ 34-ਏ, ਚੰਡੀਗੜ੍ਹ

ਸੇਵਾ ਵਿਖੇ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
2. ਰਾਜ ਦੇ ਸਮੂਹ ਸਕੂਲਾਂ ਦੇ ਮੁੱਖੀ (ਵੈੱਬ ਸਾਈਟ ਰਾਹੀਂ)

ਮੀਮੋ ਨੰ ਸਸਅ/ਐਮਸੀ/2010/ 68605-68625
ਮਿਤੀ ਚੰਡੀਗੜ੍ਹ 8 ਨਵੰਬਰ, 2010

ਵਿਸ਼ਾ ਸਕੂਲਾਂ ਵਿੱਚ ਓਵਰ ਟਾਈਮ ਲਗਾਉਣ ਬਾਰੇ ।

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

2.0 ਪਿਛਲੇ ਦਿਨੀਂ ਵੱਖ-ਵੱਖ ਸਕੂਲਾਂ ਦੇ ਨਿਰੀਖਣਾਂ ਦੌਰਾਨ ਇਹ ਗੱਲ ਧਿਆਨ ਵਿੱਚ ਆਈ ਹੈ ਕਿ ਸਕੂਲਾਂ ਵਿੱਚ ਕੁੱਝ ਮਿਹਨਤੀ ਅਧਿਆਪਕਾਂ ਵੱਲੋਂ ਨਿਜੀ ਉਪਰਾਲੇ ਕਰਕੇ ਸਕੂਲ ਦੇ ਸਮੇਂ ਤੋਂ ਪਹਿਲਾਂ ਜਾਂ ਬਾਅਦ ਵਿੱਚ ਹਿਸਾਬ ਅਤੇ ਅੰਗ੍ਰੇਜ਼ੀ ਵਿਸ਼ੇ ਦੇ ਵਾਧੂ ਪੀਰੀਅਡ ਲਗਾਏ ਜਾ ਰਹੇ ਹਨ ਜਿਸ ਦੇ ਬਹੁਤ ਚੰਗੇ ਸਿੱਟੇ ਨਿਕਲੇ ਹਨ । ਵਿਭਾਗ ਇਹੋ ਜਿਹੇ ਅਧਿਆਪਕ ਅਤੇ ਸਕੂਲ ਮੁੱਖੀਆਂ ਦੀ ਪ੍ਰਸ਼ੰਸਾ ਕਰਦਾ ਹੈ ।

3.0 ਇਸ ਸਬੰਧ ਵਿੱਚ ਰਾਜ ਦੇ ਸਮੂਹ ਸਕੂਲਾਂ ਦੇ ਮੁੱਖੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਵੀ ਆਪਣੇ ਸਕੂਲ ਦੇ ਅਧਿਆਪਕਾਂ ਨੂੰ ਪ੍ਰੇਰਿਤ ਕਰਕੇ, ਜਿੱਥੇ ਲੋੜ ਹੋਵੇ, ਵਾਧੂ ਕਲਾਸਾਂ ਲਗਵਾਉਣ ਅਤੇ ਇਹੋ ਜਿਹੇ ਅਧਿਆਪਕਾਂ ਦੀ ਸੂਚਨਾ ਆਪਣੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਰਾਹੀਂ ਇਸ ਦਫਤਰ ਨੂੰ ਭਿਜਵਾਇਆ ਜਾਵੇ ਤਾਂ ਜੋ ਇਹਨਾਂ ਅਧਿਆਪਕਾਂ ਦੁਆਰਾ ਕੀਤੇ ਗਏ ਚੰਗੇ ਕੰਮ ਬਾਰੇ ਉਹਨਾਂ ਦੇ ਰਿਕਾਰਡ ਤੇ ਰੱਖਿਆ ਜਾ ਸਕੇ। ਇਹਨਾਂ ਅਧਿਆਪਕਾਂ ਦੇ ਸਾਲਾਨਾ ਗੁਪਤ ਰਿਪੋਰਟ ਵਿੱਚ ਵੀ ਇਹ ਤੱਥ ਵਿਸ਼ੇਸ਼ ਤੋਰ ਤੇ ਦਰਜ ਕੀਤੇ ਜਾਣ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ